**ਭੈਰਉ ਮਹਲਾ ੫ ॥ ਕਰਣ ਕਾਰਣ ਸਮਰਥੁ ਗੁਰੁ ਮੇਰਾ ॥ ਜੀਅ ਪ੍ਰਾਣ ਸੁਖਦਾਤਾ ਨੇਰਾ ॥ ਭੈ ਭੰਜਨ ਅਬਿਨਾਸੀ ਰਾਇ ॥ ਦਰਸਨਿ ਦੇਖਿਐ ਸਭੁ ਦੁਖੁ ਜਾਇ ॥੧॥ ਜਤ ਕਤ ਪੇਖਉ ਤੇਰੀ ਸਰਣਾ ॥ ਬਲਿ ਬਲਿ ਜਾਈ ਸਤਿਗੁਰ ਚਰਣਾ ॥ ੧॥ ਰਹਾਉ ॥ ਪੂਰਨ ਕਾਮ ਮਿਲੇ ਗੁਰਦੇਵ ॥ ਸਭਿ ਫਲਦਾਤਾ ਨਿਰਮਲ ਸੇਵ ॥ ਕਰੁ ਗਹਿ ਲੀਨੇ ਅਪੁਨੇ ਦਾਸ ॥ ਰਾਮ ਨਾਮੁ ਰਿਦ ਦੀਓ ਨਿਵਾਸ ॥ ੨॥ ਸਦਾ ਅਨੰਦੁ ਨਾਹੀ ਕਿਛੁ ਸੋਗੁ ॥ ਦੂਖੁ ਦਰਦੁ ਨਹ ਬਿਆਪੈ ਰੋਗੁ ॥ ਸਭੁ ਕਿਛੁ ਤੇਰਾ ਤੂ ਕਰਣੈਹਾਰੁ ॥ ਪਾਰਬ੍ਰਹਮ ਗੁਰ ਅਗਮ ਅਪਾਰ ॥ ੩॥ ਨਿਰਮਲ ਸੋਭਾ ਅਚਰਜ ਬਾਣੀ ॥ ਪਾਰਬ੍ਰਹਮ ਪੂਰਨ ਮਨਿ ਭਾਣੀ ॥ ਜਲਿ ਥਲਿ ਮਹੀਅਲਿ ਰਵਿਆ ਸੋਇ ॥ ਨਾਨਕ ਸਭੁ ਕਿਛੁ ਪ੍ਰਭ ਤੇ ਹੋਇ ॥ ੪॥੩੪॥੪੭॥**

{ਪੰਨਾ 1149}

ਪਦਅਰਥ:- ਕਰਣ—ਜਗਤ, ਸ੍ਰਿਸ਼ਟੀ। ਕਾਰਣ—ਮੂਲ। ਸਮਰਥੁ—ਸਭ ਕੁਝ ਕਰ ਸਕਣ ਵਾਲਾ। ਜੀਅ ਦਾਤਾ—ਜਿੰਦ ਦੇਣ ਵਾਲਾ। ਪ੍ਰਾਣ ਦਾਤਾ—ਪ੍ਰਾਣ ਦੇਣ ਵਾਲਾ। ਸੁਖਦਾਤਾ—ਸਾਰੇ ਸੁਖ ਦੇਣ ਵਾਲਾ। ਨੇਰਾ—(ਸਭ ਦੇ) ਨੇੜੇ। ਭੈ ਭੰਜਨ—ਸਾਰੇ ਡਰਾਂ ਦਾ ਨਾਸ ਕਰਨ ਵਾਲਾ। ਰਾਇ—ਪਾਤਿਸ਼ਾਹ। ਦਰਸਨਿ ਦੇਖਿਐ—ਜੇ ਦਰਸਨ ਕਰ ਲਈਏ। ਜਾਇ—ਦੂਰ ਹੋ ਜਾਂਦਾ ਹੈ।1।

ਜਤ ਕਤ—ਜਿੱਥੇ ਕਿੱਥੇ, ਹਰ ਥਾਂ। ਪੇਖਉ—ਪੇਖਉਂ, ਮੈਂ ਵੇਖਦਾ ਹਾਂ। ਬਲਿ ਜਾਈ—ਬਲਿ ਜਾਈਂ, ਮੈਂ ਕੁਰਬਾਨ ਜਾਂਦਾ ਹਾਂ।1। ਰਹਾਉ।

ਕਾਮ—ਕਾਮਨਾ, ਇੱਛਾ। ਸਭਿ—ਸਾਰੇ {ਬਹੁ-ਵਚਨ}। ਨਿਰਮਲ—ਜੀਵਨ ਨੂੰ ਪਵਿੱਤਰ ਕਰਨ ਵਾਲੀ। ਕਰੁ—ਹੱਥ {ਇਕ-ਵਚਨ}। ਗਹਿ—ਫੜ ਕੇ। ਰਿਦ—ਹਿਰਦੇ ਵਿਚ।2।

ਸੋਗੁ—ਗਮ। ਬਿਆਪੈ—ਆਪਣਾ ਜ਼ੋਰ ਪਾ ਸਕਦਾ। ਕਰਣੈਹਾਰੁ—ਪੈਦਾ ਕਰਨ ਦੀ ਸਮਰਥਾ ਵਾਲਾ।3।

ਨਿਰਮਲ—ਬੇ-ਦਾਗ਼। ਅਚਰਜ ਬਾਣੀ—ਵਿਸਮਾਦ ਅਵਸਥਾ ਪੈਦਾ ਕਰਨ ਵਾਲੀ ਬਾਣੀ। ਪੂਰਨ—ਸਰਬ-ਵਿਆਪਕ। ਮਨਿ—(ਜਿਸ ਮਨੁੱਖ ਦੇ) ਮਨ ਵਿਚ। ਭਾਣੀ—ਪਿਆਰੀ ਲੱਗ ਪੈਂਦੀ ਹੈ। ਜਲਿ—ਜਲ ਵਿਚ। ਥਲਿ—ਧਰਤੀ ਵਿਚ। ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉਤੇ, ਪੁਲਾੜ ਵਿਚ, ਆਕਾਸ਼ ਵਿਚ। ਰਵਿਆ—ਵਿਆਪਕ। ਤੇ—ਤੋਂ।4।

ਅਰਥ:- ਹੇ ਪ੍ਰਭੂ! ਮੈਂ (ਆਪਣੇ) ਗੁਰੂ ਦੇ ਚਰਨਾਂ ਤੋਂ ਸਦਾ ਸਦਕੇ ਜਾਂਦਾ ਹਾਂ (ਜਿਸ ਨੇ ਮੈਨੂੰ ਤੇਰੇ ਚਰਨਾਂ ਵਿਚ ਜੋੜਿਆ ਹੈ, ਹੁਣ) ਮੈਂ ਹਰ ਥਾਂ ਤੇਰਾ ਹੀ ਆਸਰਾ ਤੱਕਦਾ ਹਾਂ।1। ਰਹਾਉ।

ਹੇ ਭਾਈ! ਮੇਰਾ ਗੁਰੂ-ਪਰਮੇਸਰ ਸਾਰੀ ਸ੍ਰਿਸ਼ਟੀ ਦਾ ਮੂਲ ਹੈ, ਸਭ ਤਾਕਤਾਂ ਦਾ ਮਾਲਕ ਹੈ, (ਸਭ ਨੂੰ) ਜਿੰਦ ਦੇਣ ਵਾਲਾ ਹੈ, ਪ੍ਰਾਣ ਦੇਣ ਵਾਲਾ ਹੈ, ਸਾਰੇ ਸੁਖ ਦੇਣ ਵਾਲਾ ਹੈ, (ਸਭਨਾਂ ਦੇ) ਨੇੜੇ (ਵੱਸਦਾ ਹੈ)। ਹੇ ਭਾਈ! ਉਹ ਪਾਤਿਸ਼ਾਹ (ਜੀਵਾਂ ਦੇ ਸਾਰੇ) ਡਰ ਦੂਰ ਕਰਨ ਵਾਲਾ ਹੈ, ਉਹ ਆਪ ਨਾਸ-ਰਹਿਤ ਹੈ, ਜੇ ਉਸ ਦਾ ਦਰਸਨ ਹੋ ਜਾਏ, (ਤਾਂ ਮਨੁੱਖ ਦਾ) ਸਾਰਾ ਦੁੱਖ ਦੂਰ ਹੋ ਜਾਂਦਾ ਹੈ।1।

ਹੇ ਭਾਈ! ਗੁਰਦੇਵ-ਪ੍ਰਭੂ ਨੂੰ ਮਿਲਿਆਂ ਸਾਰੀਆਂ ਕਾਮਨਾਂ ਪੂਰੀਆਂ ਹੋ ਜਾਂਦੀਆਂ ਹਨ, ਉਹ ਪ੍ਰਭੂ ਸਾਰੇ ਫਲ ਦੇਣ ਵਾਲਾ ਹੈ, ਉਸ ਦੀ ਸੇਵਾ-ਭਗਤੀ ਜੀਵਨ ਨੂੰ ਪਵਿਤਰ ਕਰ ਦੇਂਦੀ ਹੈ। ਹੇ ਭਾਈ! ਪ੍ਰਭੂ ਆਪਣੇ ਦਾਸਾਂ ਦਾ ਹੱਥ ਫੜ ਕੇ ਉਹਨਾਂ ਨੂੰ ਆਪਣੇ ਬਣਾ ਲੈਂਦਾ ਹੈ, ਅਤੇ ਉਹਨਾਂ ਦੇ ਹਿਰਦੇ ਵਿਚ ਆਪਣਾ ਨਾਮ ਟਿਕਾ ਦੇਂਦਾ ਹੈ।2।

ਹੇ ਗੁਰੂ-ਪਾਰਬ੍ਰਹਮ! ਹੇ ਅਪਹੁੰਚ! ਹੇ ਬੇਅੰਤ! (ਜੋ ਕੁਝ ਦਿੱਸ ਰਿਹਾ ਹੈ, ਇਹ) ਸਭ ਕੁਝ ਤੇਰਾ ਪੈਦਾ ਕੀਤਾ ਹੋਇਆ ਹੈ, ਤੂੰ ਹੀ ਸਭ ਕੁਝ ਪੈਦਾ ਕਰਨ ਦੀ ਸਮਰਥਾ ਵਾਲਾ ਹੈਂ। ਜਿਸ ਦੇ ਹਿਰਦੇ ਵਿਚ ਤੂੰ ਆਪਣਾ ਨਾਮ ਟਿਕਾਂਦਾ ਹੈਂ,

ਉਸ ਦੇ ਅੰਦਰ) ਸਦਾ ਆਨੰਦ ਬਣਿਆ ਰਹਿੰਦਾ ਹੈ, ਉਸ ਨੂੰ ਕੋਈ ਗ਼ਮ (ਪੋਹ ਨਹੀਂ ਸਕਦਾ)। ਕੋਈ ਦੁੱਖ ਕੋਈ ਦਰਦ ਕੋਈ ਰੋਗ ਉਸ ਉਤੇ ਆਪਣਾ ਜ਼ੋਰ ਨਹੀਂ ਪਾ ਸਕਦਾ।3।

ਹੇ ਭਾਈ! ਸਰਬ-ਵਿਆਪਕ ਪਰਮਾਤਮਾ ਦੀ ਵਿਸਮਾਦ ਪੈਦਾ ਕਰਨ ਵਾਲੀ ਸਿਫ਼ਤਿ-ਸਾਲਾਹ ਜਿਸ ਮਨੁੱਖ ਦੇ ਮਨ ਵਿਚ ਮਿੱਠੀ ਲੱਗ ਪੈਂਦੀ ਹੈ, ਉਸ ਦੀ ਬੇ-ਦਾਗ਼ ਸੋਭਾ (ਹਰ ਥਾਂ ਪਸਰ ਜਾਂਦੀ ਹੈ)। ਹੇ ਨਾਨਕ! ਉਹ ਪ੍ਰਭੂ ਜਲ ਵਿਚ ਧਰਤੀ ਵਿਚ ਆਕਾਸ਼ ਵਿਚ ਸਭ ਥਾਂ ਮੌਜੂਦ ਹੈ (ਜੋ ਕੁਝ ਜਗਤ ਵਿਚ ਹੋ ਰਿਹਾ ਹੈ) ਸਭ ਕੁਝ ਪ੍ਰਭੂ ਤੋਂ (ਪ੍ਰਭੂ ਦੇ ਹੁਕਮ ਨਾਲ ਹੀ) ਹੋ ਰਿਹਾ ਹੈ।4। 34। 47।